# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ :09-02-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ "ਪ੍ਰੀਕਸ਼ਾ ਪੇ ਚਰਚਾ" ਦੇ 9ਵੇਂ ਐਡੀਸ਼ਨ ਦੌਰਾਨ ਵਿਦਿਆਰਥੀਆਂ ਨਾਲ ਗੱਲਬਾਤ -ਪ੍ਰੀਖਿਆਵਾਂ ਦੌਰਾਨ ਤਣਾਅ ਅਤੇ ਚਿੰਤਾ ਨਾਲ ਨਜਿੱਠਣ ਦੇ ਤਰੀਕਿਆਂ 'ਤੇ ਕੀਤੀ ਚਰਚਾ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸਰਹੱਦੀ ਜ਼ਿਲ੍ਹਿਆਂ 'ਚ ਨਸ਼ਿਆਂ ਵਿਰੁੱਧ ਚਾਰ ਰੋਜ਼ਾ ਪੈਦਲ ਯਾਤਰਾ ਦਾ ਤਰਨਤਾਰਨ ਤੋਂ ਕੀਤਾ ਆਗਾਜ਼-ਨਸ਼ਿਆਂ ਦੇ ਖਾਤਮੇ ਲਈ ਸਮਾਜ ਦੇ ਹਰ ਵਰਗ ਨੂੰ ਅੱਗੇ ਆਉਣ ਦਾ ਸੱਦਾ ਦਿੱਤਾ I

- ਕੈਬਿਨੇਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ -ਸੜਕੀ ਸੰਪਰਕ ਨੂੰ ਹੋਰ ਬਿਹਤਰ ਬਣਾਉਣ ਲਈ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਪੰਜ

ਅਹਿਮ ਪੁਲਾਂ ਨੂੰ ਭਾਖੜਾ ਬਿਆਸ ਪ੍ਰਬੰਧਨ ਬੋਰਡ ਵੱਲੋਂ ਮਨਜ਼ੂਰੀ ਮਿਲੀ ।

- ਪੰਜਾਬ ਪੁਲਿਸ ਵਲੋਂ ਅੱਜ 'ਆਪ੍ਰੇਸ਼ਨ ਪ੍ਰਹਾਰ-2' ਦੇ ਪਹਿਲੇ ਦਿਨ ਲੋੜੀਂਦੇ ਅਪਰਾਧੀਆਂ ਨਾਲ ਸਬੰਧਤ ਥਾਵਾਂ 'ਤੇ ਛਾਪੇਮਾਰੀ-1250 ਨੂੰ ਕੀਤਾ ਗ੍ਰਿਫ਼ਤਾਰ ਕੀਤਾ I ਅਤੇ

- ਭਾਰਤ ਦੀ ਈਸ਼ਾ ਸਿੰਘ, ਮਨੂ ਭਾਕਰ ਅਤੇ ਰਿਦਮ ਸਾਂਗਵਾਨ ਨੇ ਅੱਜ ਏਸ਼ੀਅਨ ਰਾਈਫਲ,ਪਿਸਟਲ ਨਿਸ਼ਾਨੇਬਾਜ਼ੀ ਚੈਂਪੀਅਨਸ਼ਿਪ ਵਿੱਚ, 25 ਮੀਟਰ ਪਿਸਟਲ ਟੀਮ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਜਿੱਤਿਆ।

------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਪਣੇ ਸੰਵਾਦ ਪ੍ਰੋਗਰਾਮ, "ਪ੍ਰੀਖਿਆ ਪੇ ਚਰਚਾ" ਦੇ 9ਵੇਂ ਐਡੀਸ਼ਨ ਦੌਰਾਨ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਅੱਜ ਜਾਰੀ ਕੀਤੇ ਗਏ ਦੂਜੇ ਵੀਡੀਓ ਵਿੱਚ, ਉਨ੍ਹਾਂ ਨੇ ਪ੍ਰੀਖਿਆਵਾਂ ਦੌਰਾਨ ਤਣਾਅ ਅਤੇ ਚਿੰਤਾ ਨਾਲ ਨਜਿੱਠਣ ਦੇ ਤਰੀਕਿਆਂ 'ਤੇ ਚਰਚਾ ਕੀਤੀ । ਸ਼੍ਰੀ ਮੋਦੀ ਨੇ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਤੋਂ ਪਰੇ ਦੇਖਣ ਅਤੇ ਹੁਨਰ, ਖੇਡਾਂ, ਰਚਨਾਤਮਕਤਾ ਅਤੇ ਸਵੈ-ਵਿਕਾਸ 'ਤੇ ਧਿਆਨ

ਕੇਂਦਰਿਤ ਕਰਨ ਲਈ ਵੀ ਉਤਸ਼ਾਹਿਤ ਕੀਤਾ। ਸ੍ਰੀ ਮੋਦੀ ਨੇ ਵਿਦਿਆਰਥੀਆਂ ਨੂੰ ਛੋਟੇ ਸਟਾਰਟਅੱਪਸ ਨਾਲ ਆਪਣੀ ਉੱਦਮੀ ਯਾਤਰਾ ਸ਼ੁਰੂ ਕਰਨ ਲਈ ਉਤਸ਼ਾਹਿਤ ਕੀਤਾ। BYTE:RNU090226A

ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪਾਠ-ਪੁਸਤਕਾਂ ਤੋਂ ਪਰੇ ਵਿਹਾਰਕ ਤਜਰਬਾ ਪ੍ਰਾਪਤ ਕਰਨ ਲਈ ਉਦਯੋਗ ਪੇਸ਼ੇਵਰਾਂ ਨਾਲ ਜੁੜਨ ਦੀ ਸਲਾਹ ਦਿੱਤੀ। ਅਧਿਐਨ ਅਤੇ ਰੁਚੀਆਂ ਵਿਚਕਾਰ ਸੰਤੁਲਨ ਬਣਾਈ ਰੱਖਣ 'ਤੇ, ਪ੍ਰਧਾਨ ਮੰਤਰੀ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਅਕਾਦਮਿਕ ਅਤੇ ਰਚਨਾਤਮਕ ਕੰਮਾਂ ਨੂੰ ਵੱਖਰੇ ਨਹੀਂ ਸਮਝਣਾ ਚਾਹੀਦਾ। ਉਨ੍ਹਾਂ ਜ਼ੋਰ ਦਿੱਤਾ ਕਿ ਦੋਵੇਂ ਬਰਾਬਰ ਮਹੱਤਵਪੂਰਨ ਹਨ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਸੰਤੁਲਿਤ ਕੀਤੇ ਜਾ ਸਕਦੇ ਹਨ। ਸ੍ਰੀ ਮੋਦੀ ਨੇ ਜ਼ੋਰ ਦਿੱਤਾ ਕਿ ਕਲਾਤਮਕ ਅਤੇ ਰਚਨਾਤਮਕ ਸ਼ੌਕ ਵਿਦਿਆਰਥੀਆਂ ਨੂੰ ਅਕਾਦਮਿਕ ਦਬਾਅ ਕਾਰਨ ਹੋਣ ਵਾਲੇ ਤਣਾਅ ਅਤੇ ਥਕਾਵਟ ਨੂੰ ਦੂਰ ਕਰਨ ਵਿੱਚ ਮਦਦ ਕਰ ਸਕਦੇ ਨੇ। ਪ੍ਰਧਾਨ ਮੰਤਰੀ ਨੇ ਜ਼ਿੰਮੇਵਾਰੀ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ, ਵਿਦਿਆਰਥੀਆਂ ਨੂੰ ਕੂੜਾ ਨਾ ਸੁੱਟਣ, ਸੜਕਾਂ 'ਤੇ ਨਾ ਥੁੱਕਣ, ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਅਤੇ ਭੋਜਨ

ਦੀ ਬਰਬਾਦੀ ਤੋਂ ਬਚਣ ਵਰਗੇ ਬੁਨਿਆਦੀ ਨਿਯਮਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਅਨੁਸ਼ਾਸਿਤ ਰੋਜ਼ਾਨਾ ਵਿਵਹਾਰ ਰਾਸ਼ਟਰ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਏ । "ਵੋਕਲ ਫਾਰ ਲੋਕਲ" ਵਰਗੀਆਂ ਪਹਿਲਕਦਮੀਆਂ ਦਾ ਹਵਾਲਾ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤੀ ਉਤਪਾਦਾਂ ਦੀ ਚੋਣ ਘਰੇਲੂ ਅਰਥਵਿਵਸਥਾ ਨੂੰ ਮਜ਼ਬੂਤ ਕਰਦੀ ਏ । ਉਨ੍ਹਾਂ "ਵੈੱਡ ਇਨ ਇੰਡੀਆ" ਮੁਹਿੰਮ ਦਾ ਵੀ ਜ਼ਿਕਰ ਕੀਤਾ । BYTE:RNU090226B

ਪ੍ਰਧਾਨ ਮੰਤਰੀ ਨੇ ਵਿਦਿਆਰਥੀਆਂ ਨੂੰ ਸਿਰਫ਼ ਸੈਲਾਨੀਆਂ ਵਜੋਂ ਹੀ ਨਹੀਂ ਸਗੋਂ ਸਿਖਿਆਰਥੀਆਂ ਵਜੋਂ ਯਾਤਰਾ ਕਰਨ ਦੀ ਸਲਾਹ ਦਿੱਤੀ। ਸਿੱਖਿਆ ਦੀ ਵਿਆਪਕ ਭੂਮਿਕਾ 'ਤੇ ਜ਼ੋਰ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਨਾ ਸਿਰਫ਼ ਨਿੱਜੀ ਵਿਕਾਸ ਲਈ, ਸਗੋਂ ਸਮਾਜਿਕ ਜੀਵਨ ਲਈ ਵੀ ਜ਼ਰੂਰੀ ਏ ਅਤੇ ਇਸਨੂੰ ਕਦੇ ਵੀ ਘੱਟ ਨਹੀਂ ਸਮਝਿਆ ਜਾਣਾ ਚਾਹੀਦਾ। ਉਨ੍ਹਾਂ ਕਿਹਾ ਕਿ ਖੇਡਾਂ ਨੂੰ ਰੋਜ਼ਾਨਾ ਜੀਵਨ ਦਾ ਇੱਕ ਅਨਿੱਖੜਵਾਂ ਅੰਗ ਬਣਾਇਆ ਜਾਣਾ ਚਾਹੀਦਾ ਏ , ਅਤੇ ਵਿਦਿਆਰਥੀਆਂ ਨੂੰ ਦਿਨ ਵਿੱਚ

ਘੱਟੋ-ਘੱਟ ਇੱਕ ਵਾਰ ਸਾਹ ਸੰਬਧੀ ਕਸਰਤਾਂ ਦਾ ਅਭਿਆਸ ਕਰਨਾ ਚਾਹੀਦਾ ਏ ।

ਪਰੀਕਸ਼ਾ ਪੇ ਚਰਚਾ ਪ੍ਰੋਗਰਾਮ ਦਾ ਉਦੇਸ਼ ਪ੍ਰੀਖਿਆ ਤਣਾਅ 'ਤੇ ਚਰਚਾ ਕਰਨਾ ਅਤੇ ਪ੍ਰੀਖਿਆਵਾਂ ਨੂੰ ਇੱਕ ਜਸ਼ਨ ਅਤੇ ਜੀਵਨ ਦਾ ਇੱਕ ਅਨਿੱਖੜਵਾਂ ਅੰਗ ਮੰਨਣਾ ਏ । ਇਸ ਸਾਲ, ਪ੍ਰੀਖਿਆ ਯੋਧਿਆਂ ਨਾਲ ਸੰਵਾਦ ਸੈਸ਼ਨ ਦੇਵਮੋਗਰਾ, ਕੋਇੰਬਟੂਰ, ਰਾਏਪੁਰ, ਗੁਹਾਟੀ ਅਤੇ ਦਿਲੀ ਦੇ 7, ਲੋਕ ਕਲਿਆਣ ਮਾਰਗ ਵਿਖੇ ਆਯੋਜਿਤ ਕੀਤੇ ਗਏ। ਸਿੱਖਿਆ ਮੰਤਰਾਲੇ ਨੇ ਦਸਿਆ ਕਿ  ਕਿ MyGov ਪੋਰਟਲ ਰਾਹੀਂ ਪ੍ਰੋਗਰਾਮ ਲਈ ਸਾਢੇ 4 ਕਰੋੜ ਤੋਂ ਵੱਧ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੇ ਰਜਿਸਟਰ ਕੀਤਾ।

---------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨੂੰ ਸਿਰਫ਼ ਸਰਕਾਰੀ ਉਪਰਾਲਿਆਂ ਨਾਲ ਖਤਮ ਨਹੀਂ ਕੀਤਾ ਜਾ ਸਕਦਾ ਸਗੋਂ ਇਸ ਲਈ ਮਾਪਿਆਂ, ਅਧਿਆਪਕਾਂ, ਨੌਜਵਾਨਾਂ, ਆਮ ਲੋਕਾਂ ਅਤੇ ਪ੍ਰਸ਼ਾਸਨ ਨੂੰ ਮਿਲ ਕੇ ਸਰਗਰਮ ਭੂਮਿਕਾ ਨਿਭਾਉਣੀ

ਪਵੇਗੀ। ਰਾਜਪਾਲ ਨੇ ਅੱਜ ਤਰਨ ਤਰਨ ਵਿਖੇ ਨਸ਼ਿਆਂ ਖਿਲਾਫ ਕੱਢੀ ਗਈ ਪੈਦਲ ਯਾਤਰਾ ਨੂੰ ਰਵਾਨਾ ਕਰਨ ਸਮੇਂ ਕਿਹਾ ਕਿ ਪੰਜਾਬ ਵਿਚ ਨਸ਼ਿਆਂ ਵਿਰੁੱਧ ਜਨ  ਜਾਗਰੂਕਤਾ ਵੱਧ ਰਹੀ ਏ  ਅਤੇ ਇਹ ਹੁਣ ਇਕ ਲੋਕ ਲਹਿਰ ਦਾ ਰੂਪ ਧਾਰਨ ਕਰਨ ਲੱਗ ਪਈ ਏ। ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਚੁੱਕੇ ਗਏ ਠੋਸ ਕਦਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਮਾਜ ਵਿਚ ਸਕਾਰਾਤਮਕ ਬਦਲਾਅ ਦਿਖਾਈ ਦੇ ਰਿਹਾ ਏ ਅਤੇ ਲੋਕ ਹੁਣ ਨਸ਼ਿਆਂ ਵਿਰੁੱਧ ਇਕਜੁੱਟ ਹੋ ਰਹੇ ਹਨ। BYTE:RNU090226C

ਕੱਲ 10 ਫ਼ਰਵਰੀ ਨੂੰ ਫਿਰੋਜ਼ਪੁਰ 'ਚ ਵੀ ‘ਨਸ਼ਿਆਂ ਵਿਰੁੱਧ ਪੈਦਲ ਯਾਤਰਾ’ ਕੱਢੀ ਜਾਵੇਗੀ I

---------------------------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਅਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਵਿਧਾਇਕ ਹਰਜੋਤ ਸਿੰਘ ਬੈਂਸ ਨੇ ਦਸਿਆ ਕਿ ਸੜਕੀ ਸੰਪਰਕ ਨੂੰ ਹੋਰ ਬਿਹਤਰ ਬਣਾਉਣ ਲਈ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਪੰਜ ਅਹਿਮ ਪੁਲਾਂ ਨੂੰ ਭਾਖੜਾ ਬਿਆਸ ਪ੍ਰਬੰਧਨ ਬੋਰਡ ਵੱਲੋਂ ਮਨਜ਼ੂਰੀ ਮਿਲ ਗਈ ਏ।  ਇੱਕ ਵੀਡੀਓ ਸੰਦੇਸ਼ ਵਿੱਚ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਹਲਕੇ ਵਿੱਚ

ਵਿਕਾਸ ਜੰਗੀ ਪੱਧਰ 'ਤੇ ਚੱਲ ਰਿਹਾ ਏ । ਉਨ੍ਹਾਂ ਕਿਹਾ ਕਿ ਮੰਜ਼ੂਰ ਪੁਲ ਪ੍ਰੋਜੈਕਟਾਂ ਵਿੱਚ ਬ੍ਰਹਮਪੁਰ ਅਤੇ ਡਰੋਲੀ ਪੁਲ ਸ਼ਾਮਲ ਨੇ, ਜੋ ਅਸਲ ਵਿੱਚ ਨਹਿਰ ਦੀ ਉਸਾਰੀ ਸਮੇਂ ਬਣਾਏ ਗਏ ਸਨ। ਇਨ੍ਹਾਂ ਪੁਲਾਂ ਨੂੰ ਆਧੁਨਿਕ ਜ਼ਰੂਰਤਾਂ ਨੂੰ ਵੇਖਦਿਆਂ ਹੁਣ ਦੁਬਾਰਾ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਗੰਗੂਵਾਲ ਡਬਲ ਪੁਲ ਇੱਕ ਰਣਨੀਤਕ ਪ੍ਰੋਜੈਕਟ ਏ । ਇਨ੍ਹਾਂ ਪੁਲਾਂ ਦੀ ਉਸਾਰੀ ਨਾਲ ਖਾਸ ਕਰਕੇ ਗੁਰੂ ਕਾ ਲਾਹੌਰ ਵਿਖੇ ਵਿਆਹ ਪੁਰਬ ਅਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲਾ ਮੁਹੱਲਾ ਦੌਰਾਨ ਵੱਡੀ ਗਿਣਤੀ ਵਿੱਚ ਪੁੱਜਣ ਵਾਲੀ ਸੰਗਤ ਨੂੰ ਜਿੱਥੇ ਵੱਡੀ ਸੌਖ ਹੋਵੇਗੀ ਉੱਥੇ ਟ੍ਰੈਫਿਕ ਦੀ ਸਮੱਸਿਆ ਹੱਲ ਹੋਵੇਗੀ। ਇਸ ਤੋਂ ਇਲਾਵਾ, ਅਟਾਰੀ ਪਿੰਡ ਦਾ ਪੁਲ ਅਟਾਰੀ ਪਿੰਡ ਨੂੰ ਸਿੱਧੇ ਕੌਮੀ ਰਾਜ ਮਾਰਗ ਨਾਲ ਜੋੜੇਗਾ ਜਿਸ ਨਾਲ ਲੰਬੇ ਚੱਕਰ ਖਤਮ ਹੋਣਗੇ ਅਤੇ ਸਥਾਨਕ ਆਰਥਿਕਤਾ ਨੂੰ ਹੁਲਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਭਾਓਵਾਲ ਪੁਲ ਨਾਲ ਖੇਤਰ ਵਿੱਚ ਰੁਜ਼ਗਾਰ ਅਤੇ ਆਰਥਿਕ ਗਤੀਵਿਧੀਆਂ ਨੂੰ ਹੁਲਾਰਾ ਮਿਲੇਗਾ। ਸਿੱਖਿਆ ਮੰਤਰੀ ਨੇ ਕਿਹਾ ਕਿ ਸਰਸਾ ਨੰਗਲ ਪੁਲ ਪ੍ਰੋਜੈਕਟ ਦਾ ਟੈਂਡਰ ਪਹਿਲਾਂ ਹੀ ਜਾਰੀ ਹੋ ਚੁੱਕਾ ਏ ਅਤੇ ਇਸ ਦਾ ਕੰਮ 14 ਅਪ੍ਰੈਲ ਦੇ ਆਸਪਾਸ ਸ਼ੁਰੂ

ਹੋ ਜਾਵੇਗਾ। ਊਨਾ  ਨੰਗਲ ਤੋਂ ਕਲਮਾ ਮੋੜ ਸੜਕ ਅਤੇ ਭੰਗਲਾਂ ਤੋਂ ਕਾਨਪੁਰ ਖੂਹੀ ਸੜਕ ਸਬੰਧੀ ਯੋਜਨਾਵਾਂ ਬਾਰੇ ਵੀ ਯੋਜਨਾ ਸਾਂਝੀ ਕੀਤੀ। ਨੰਗਲ ਤੋਂ ਕਲਮਾ ਮੋੜ ਸੜਕ 10 ਕਰੋੜ ਰੁਪਏ ਦੀ ਲਾਗਤ ਨਾਲ ਭਾਰੀ ਉਦਯੋਗਿਕ ਆਵਾਜਾਈ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਬਣਾਈ ਜਾਵੇਗੀ, ਜਦੋਂ ਕਿ ਭੰਗਲਾਂ ਤੋਂ ਕਾਨਪੁਰ ਖੂਹੀ ਸੜਕ ਨੂੰ ਅਪਗ੍ਰੇਡ ਕਰਨ ਨਾਲ ਬੱਸ ਸੰਪਰਕ ਵਿੱਚ ਸੁਧਾਰ ਹੋਵੇਗਾ ਅਤੇ ਖੇੜਾ ਕਲਮੋਟ ਵਿੱਚ ਪਾਣੀ ਭਰਨ ਦੀਆਂ ਸਮੱਸਿਆਵਾਂ ਨਾਲ ਨਜਿੱਠਣ ਲਈ ਸੜਕ ਦੇ ਦੋਵੇਂ ਪਾਸੇ ਕੰਕਰੀਟ ਦੀ ਡਰੇਨ ਬਣਾਈ ਜਾਵੇਗੀ । ਇਹ ਪ੍ਰਾਜੈਕਟ ਲਗਭਗ ਸਾਢੇ 12 ਕਰੋੜ ਰੁਪਏ ਨਾਲ ਤਿਆਰ ਹੋਵੇਗਾ। ਇਨ੍ਹਾਂ ਦੋਵਾਂ ਪ੍ਰੋਜੈਕਟਾਂ 'ਤੇ ਕੰਮ ਅਗਲੇ ਦੋ ਹਫ਼ਤਿਆਂ ਦੇ ਅੰਦਰ ਸ਼ੁਰੂ ਹੋ ਜਾਵੇਗਾ।

-----------------------------------------------------------------

ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮਾਮਲਿਆਂ ਦੀ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਸੂਬਾ ਸਰਕਾਰ, ਅਨੁਸੂਚਿਤ ਜਾਤੀ ਅਤੇ ਪਛੜੀਆਂ ਸ਼੍ਰੇਣੀਆਂ ਦੇ ਹੱਕਾਂ ਦੀ ਸੁਰੱਖਿਆ ਅਤੇ ਉਨ੍ਹਾਂ ਦੀ ਸਮਾਜਿਕ–ਆਰਥਿਕ ਤਰੱਕੀ ਲਈ ਵੀ ਵਿਸ਼ੇਸ਼

ਉਪਰਾਲੇ ਕਰ ਰਹੀ ਏ ।ਪੰਜਾਬ ਭਵਨ ਵਿਖੇ ਕੈਬਨਿਟ ਮੰਤਰੀ ਨੇ ਵੱਲੋਂ ਅਨੁਸੂਚਿਤ ਜਾਤੀ ਅਤੇ ਪਛੜੀਆਂ ਸ਼੍ਰੇਣੀਆਂਬਾਰੇ ਜਥੇਬੰਦੀ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ । ਮੀਟਿੰਗ ਦੌਰਾਨ ਜਥੇਬੰਦੀ ਵੱਲੋਂ ਰੱਖੀਆਂ ਗਈਆਂ ਮੰਗਾਂ ਨੂੰ ਮੰਤਰੀ ਨੇ ਬੜੀ ਗੰਭੀਰਤਾ ਨਾਲ ਸੁਣਿਆ ਅਤੇ ਭਰੋਸਾ ਦਿਵਾਇਆ ਕਿ ਹਰ ਜਾਇਜ਼ ਮੰਗ ਨੂੰ ਤਰਜੀਹ ਦੇ ਅਧਾਰ ’ਤੇ ਪੂਰਾ ਕੀਤਾ ਜਾਵੇਗਾ। ਉਨ੍ਹਾਂ ਸਪਸ਼ਟ ਕੀਤਾ ਕਿ ਜਿਹੜੀਆਂ ਮੰਗਾਂ ਵਿਭਾਗੀ ਪੱਧਰ ’ਤੇ ਹੱਲ ਹੋ ਸਕਦੀਆਂ ਨੇ , ਉਨ੍ਹਾਂ ਨੂੰ ਤੁਰੰਤ ਅਤੇ ਸਮੇਂ-ਬੱਧ ਤਰੀਕੇ ਨਾਲ ਪੂਰਾ ਕੀਤਾ ਜਾਵੇਗਾ। ਇਸਦੇ ਨਾਲ ਹੀ ਜਿਹੜੀਆਂ ਮੰਗਾਂ ਸਰਕਾਰ ਪੱਧਰ ’ਤੇ ਨੀਤੀਗਤ ਫੈਸਲੇ ਦੀ ਮੰਗ ਕਰਦੀਆਂ ਹਨ, ਉਨ੍ਹਾਂ ਨੂੰ ਸਰਕਾਰ ਨਾਲ ਜਲਦ ਤੋਂ ਜਲਦ ਯੋਗ ਹੱਲ ਯਕੀਨੀ ਬਣਾਇਆ ਜਾਵੇਗਾ।

-----------------------------------------------------------------

ਪੰਜਾਬ ਰਾਜ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਨੇ ਅੱਜ ਜਲੰਧਰ ਨਗਰ ਨਿਗਮ ਕੰਪਲੈਕਸ ਵਿਖੇ ਸਥਾਪਤ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦਾ ਉਦਘਾਟਨ ਕੀਤਾ । ਆਪਣੇ ਸੰਬੋਧਨ ਦੌਰਾਨ

ਚੇਅਰਮੈਨ ਨੇ ਕਿਹਾ ਕਿ ਸਾਨੂੰ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਵੱਲੋਂ ਪਾਏ ਪੂਰਨਿਆਂ ’ਤੇ ਚੱਲਣ ਦੀ ਲੋੜ ਏ , ਜਿਨ੍ਹਾਂ ਨੇ ਸਮਾਜ ਦੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਅਣਥੱਕ ਕੰਮ ਕੀਤਾ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਇਕ ਮਹਾਨ ਵਿਦਵਾਨ, ਕਾਨੂੰਨਦਾਨ, ਅਰਥ ਸ਼ਾਸਤਰੀ, ਸਮਾਜ ਸੁਧਾਰਕ, ਰਾਜਨੇਤਾ ਅਤੇ ਦੂਰਅੰਦੇਸ਼ੀ ਆਗੂ ਸਨ, ਜਿਨ੍ਹਾਂ ਦੀ ਸੋਚ ਨੂੰ ਅੱਗੇ ਤੋਰਨ ਦੀ ਜ਼ਿੰਮੇਵਾਰੀ ਸਾਡੀ ਨੌਜਵਾਨ ਪੀੜ੍ਹੀ ਦੀ ਜਿੰਮੇਦਾਰੀ ਏ । ਉਨ੍ਹਾਂ ਕਿਹਾ ਕਿ ਨਗਰ ਨਿਗਮ ਕੰਪਲੈਕਸ ਵਿਖੇ ਸਥਾਪਤ ਬਾਬਾ ਸਾਹਿਬ ਦਾ ਇਹ ਬੁੱਤ, ਸਾਡੇ ਨੌਜਵਾਨਾਂ ਨੂੰ ਸਮਾਜ ਅਤੇ ਮਨੁੱਖਤਾ ਦੀ ਭਲਾਈ ਲਈ ਕੰਮ ਕਰਨ ਲਈ ਹਮੇਸ਼ਾ ਪ੍ਰੇਰਿਤ ਕਰਦਾ ਰਹੇਗਾ।

-------------------------------------------------------------------

ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ 'ਗੈਂਗਸਟਰਾਂ ਤੇ ਵਾਰ' ਮੁਹਿੰਮ ਦੇ ਵਿਚਕਾਰ, ਪੰਜਾਬ ਪੁਲਿਸ ਦੀਆਂ ਟੀਮਾਂ ਨੇ ਅੱਜ 'ਆਪ੍ਰੇਸ਼ਨ ਪ੍ਰਹਾਰ-2' ਦੇ ਪਹਿਲੇ ਦਿਨ ਲੋੜੀਂਦੇ ਅਪਰਾਧੀਆਂ ਨਾਲ ਸਬੰਧਤ ਥਾਵਾਂ 'ਤੇ 2760 ਛਾਪੇਮਾਰੀ ਕੀਤੀ । ਵੇਰਵੇ ਸਾਂਝੇ ਕਰਦੇ

ਹੋਏ, ਕਾਨੂੰਨ ਅਤੇ ਵਿਵਸਥਾ ਬਾਰੇ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਕਿਹਾ ਕਿ ਆਪ੍ਰੇਸ਼ਨ ਪ੍ਰਹਾਰ-2 ਦੇ ਹਿੱਸੇ ਵਜੋਂ, ਲਗਭਗ 12 ਹਜ਼ਾਰ ਕਰਮਚਾਰੀਆਂ ਵਾਲੀਆਂ 2,000 ਤੋਂ ਵੱਧ ਪੁਲਿਸ ਟੀਮਾਂ ਨੇ ਪੰਜਾਬ ਭਰ ਵਿੱਚ ਲੋੜੀਂਦੇ ਅਪਰਾਧੀਆਂ ਨਾਲ ਸਬੰਧਤ ਥਾਵਾਂ 'ਤੇ ਛਾਪੇਮਾਰੀ ਕੀਤੀ ਏ ।"ਉਨ੍ਹਾਂ ਕਿਹਾ ਕਿ 1895 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਏ ਜਿਨ੍ਹਾਂ ਵਿੱਚੋਂ 1,250 ਨੂੰ ਗ੍ਰਿਫ਼ਤਾਰ ਕੀਤਾ ਗਿਆ ਏ , ਜਿਨ੍ਹਾਂ ਵਿੱਚ 40 ਭਗੌੜੇ ਅਪਰਾਧੀ ਅਤੇ 298 ਰੋਕਥਾਮ ਹਿਰਾਸਤ ਵਿੱਚ ਹਨ। ਇਸ ਤੋਂ ਇਲਾਵਾ, 666 ਵਿਅਕਤੀਆਂ ਦੀ ਪੁਸ਼ਟੀ ਕੀਤੀ ਗਈ ਅਤੇ ਪੁੱਛਗਿੱਛ ਤੋਂ ਬਾਅਦ ਰਿਹਾਅ ਕੀਤਾ ਗਿਆ। ਲੋਕ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਨਾਲ ਸਬੰਧਤ ਜਾਣਕਾਰੀ ਗੁਮਨਾਮ ਤੌਰ 'ਤੇ ਰਿਪੋਰਟ ਕਰ ਸਕਦੇ ਹਨ, ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਸੁਝਾਅ ਵੀ ਸਾਂਝੇ ਕਰ ਸਕਦੇ ਨੇ ।

---------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰ ਦੇ ਹਥਿਆਰ ਅਤੇ ਨਸ਼ਾ ਤਸਕਰੀ ਮਾਡਿਊਲ ਦੇ ਪੰਜ ਕਾਰਕੁਨਾਂ ਨੂੰ ਛੇ ਆਧੁਨਿਕ ਪਿਸਤੌਲਾਂ , 115 ਗ੍ਰਾਮ ਹੈਰੋਇਨ ਅਤੇ 11 ਲੱਖ 90 ਹਜ਼ਾਰ ਰੁਪਏ ਦੀ ਡਰੱਗ ਮਨੀ ਨਾਲ ਗ੍ਰਿਫਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਪਿੰਡ ਰੋਡਾ ਵਾਲਾ ਕਲਾਂ ਦੇ ਸਿਮਰਨਜੀਤ ਸਿੰਘ ਉਰਫ਼ ਮੰਨੂ , ਗੁਰਪ੍ਰੀਤ ਸਿੰਘ ਉਰਫ਼ ਗੋਪੀ , ਸੁਖਰਾਜ ਸਿੰਘ ਅਤੇ ਸਾਜਨ ਸਿੰਘ ਉਰਫ਼ ਗੁਰਸਾਜਨ ਸਿੰਘ ਉਰਫ਼ ਲੱਡਾ ਅਤੇ ਅੰਮ੍ਰਿਤਸਰ ਦੇ ਪਿੰਡ ਰਣੀਕੇ ਦੇ ਮੋਲਕਦੀਪ ਸਿੰਘ ਵਜੋਂ ਹੋਈ ਏ। ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸਰਹੱਦ ਪਾਰ ਤਸਕਰੀ ਨੈੱਟਵਰਕ ਨਾਲ ਸਰਗਰਮੀ ਨਾਲ ਜੁੜੇ ਹੋਏ ਸਨ ਅਤੇ ਸਰਹੱਦ ਪਾਰੋਂ ਡਰੋਨ ਰਾਹੀਂ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀਆਂ ਖੇਪਾਂ ਪ੍ਰਾਪਤ ਕਰ ਰਹੇ ਸਨ। ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਏ । ਇਸੇ ਦੌਰਾਨ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਵੇਰਵੇ ਸਾਂਝੇ ਕਰਦਿਆਂ ਕਿਹਾ

BYTE:RNU090226

---

ਪੰਜਾਬ ਪੁਲਿਸ ਨੇ ਭਾਰਤੀ ਏਅਰਟੈੱਲ ਲਿਮਟਿਡ ਨੂੰ ਨਿਸ਼ਾਨਾ ਬਣਾ ਕੇ 4G-5G ਟੈਲੀਕਾਮ ਬੁਨਿਆਦੀ ਢਾਂਚੇ ਦੀ ਚੋਰੀ ਖਿਲਾਫ ਇੱਕ ਕਾਰਵਾਈ ਵਿੱਚ 17 ਹੋਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ ।ਇਸ ਨਾਲ ਸੂਬੇ ਭਰ ਵਿੱਚ ਗ੍ਰਿਫ਼ਤਾਰੀਆਂ ਦੀ ਕੁੱਲ ਗਿਣਤੀ 126 ਹੋ ਗਈ ਏ ਅਤੇ 140 ਮਾਮਲੇ ਦਰਜ ਕੀਤੇ ਗਏ ਨੇ । ਜ਼ਿਕਰਯੋਗ ਏ ਕਿ 4G-5G ਬੁਨਿਆਦੀ ਢਾਂਚੇ ਨਾਲ ਸਬੰਧਤ ਚੋਰੀਆਂ ਦੀਆਂ ਰਿਪੋਰਟਾਂ ਤੋਂ ਬਾਅਦ, ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਇੱਕ ਵਿਸ਼ੇਸ਼ ਜਾਂਚ ਟੀਮ ਬਣਾਈ ਗਈ ਸੀ। ਆਈਜੀਪੀ ਰਾਜਪਾਲ ਸਿੰਘ ਸੰਧੂ ਦੀ ਅਗਵਾਈ ਵਾਲੀ ਐਸ.ਆਈ.ਟੀ ਨੇ ਜ਼ਿਲ੍ਹਾ ਪੁਲਿਸ ਇਕਾਈਆਂ ਦੇ ਸਹਿਯੋਗ ਨਾਲ ਮੁਲਜ਼ਮਾਂ ਨੂੰ ਫੜਨ ਅਤੇ ਚੋਰੀ ਹੋਏ ਉਪਕਰਣਾਂ ਨੂੰ ਬਰਾਮਦ ਕਰਨ ਲਈ ਕੰਮ ਕੀਤਾ। ਰਾਜਪਾਲ ਸਿੰਘ ਸੰਧੂ ਨੇ ਕਿਹਾ ਕਿ ਮੁਲਜ਼ਮਾਂ ਨੇ ਖਾਸ ਤੌਰ 'ਤੇ ਉੱਚ-ਮੁੱਲ ਵਾਲੇ ਬੇਸ ਬੈਂਡ ਯੂਨਿਟਾਂ ਨੂੰ ਨਿਸ਼ਾਨਾ ਬਣਾਇਆ, ਜੋ ਕਿ 4G ਅਤੇ 5G ਸਿਗਨਲ ਟ੍ਰਾਂਸਮਿਸ਼ਨ ਲਈ ਮਹੱਤਵਪੂਰਨ ਨੇ । ਇਨ੍ਹਾਂ ਚੋਰੀਆਂ ਨੇ ਪ੍ਰਭਾਵਿਤ ਖੇਤਰਾਂ ਵਿੱਚ ਦੂਰਸੰਚਾਰ ਸੇਵਾਵਾਂ ਨੂੰ ਬੁਰੀ ਤਰ੍ਹਾਂ

ਪ੍ਰਭਾਵਿਤ ਕੀਤਾ, ਜਿਸ ਕਾਰਨ ਲੋਕ ਜ਼ਰੂਰੀ ਆਵਾਜ਼ ਅਤੇ ਡਾਟਾ ਕਨੈਕਟੀਵਿਟੀ ਤੋਂ ਵਾਂਝੇ ਰਹਿ ਗਏ।

ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਨੇ ਇਨ੍ਹਾਂ ਚੋਰੀਆਂ ਵਿੱਚ ਸ਼ਾਮਲ ਨੈੱਟਵਰਕ ਨੂੰ ਬੇਅਸਰ ਕਰ ਦਿੱਤਾ ਏ । ਗਠਜੋੜ ਦਾ ਪਤਾ ਲਗਾਉਣ ਅਤੇ ਪੂਰੇ ਅਪਰਾਧਿਕ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਜਾਂਚ ਜਾਰੀ ਏ । ਪੰਜਾਬ ਪੁਲਿਸ ਨੇ ਸਮਾਜ ਵਿਰੋਧੀ ਅਨਸਰਾਂ ਨੂੰ ਅਜਿਹੀਆਂ ਗਤੀਵਿਧੀਆਂ ਨੂੰ ਤੁਰੰਤ ਬੰਦ ਕਰਨ ਦੀ ਚੇਤਾਵਨੀ ਦਿੱਤੀ ਏ , ਨਹੀਂ ਤਾਂ ਉਨ੍ਹਾਂ ਨੂੰ ਸਖ਼ਤ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ। ਜ਼ਿਲ੍ਹਾ ਪੁਲਿਸ ਬਲਾਂ ਵਲੋਂ ਸਮਰਪਿਤ ਵਿਸ਼ੇਸ਼ ਟੀਮਾਂ ਬਣਾਈਆਂ ਗਈਆਂ ਨੇ । ਅਗਲੇਰੀ ਜਾਂਚ ਜਾਰੀ ਏ ।

--------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਜਨਵਰੀ ਮਹੀਨੇ ਦੌਰਾਨ ਰਿਸ਼ਵਤਖੋਰੀ ਦੇ 8 ਵੱਖ-ਵੱਖ ਮਾਮਲਿਆਂ ਵਿੱਚ 10 ਸਰਕਾਰੀ ਅਧਿਕਾਰੀਆਂ ਅਤੇ ਇੱਕ ਨਿੱਜੀ ਵਿਅਕਤੀ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ । ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ

ਬਿਊਰੋ ਨੇ ਪਿਛਲੇ ਮਹੀਨੇ ਵੱਖ-ਵੱਖ ਸਮਰੱਥ ਅਦਾਲਤਾਂ ਵਿੱਚ 24 ਵਿਜੀਲੈਂਸ ਮਾਮਲਿਆਂ ਨਾਲ ਸਬੰਧਤ ਚਲਾਨ ਪੇਸ਼ ਕੀਤੇ। ਉਨ੍ਹਾਂ ਕਿਹਾ ਕਿ 16 ਮੁਲਜ਼ਮਾਂ ਵਿਰੁੱਧ 12 ਅਪਰਾਧਿਕ ਮਾਮਲੇ ਦਰਜ ਕੀਤੇ ਗਏ ਨੇ , ਜਿਨ੍ਹਾਂ ਵਿੱਚੋਂ 11 ਮੁਲਜ਼ਮ ਸਰਕਾਰੀ ਕਰਮਚਾਰੀ ਹਨ। ਉਨ੍ਹਾਂ ਕਿਹਾ ਕਿ ਵੱਖ-ਵੱਖ ਸਮਰੱਥ ਅਦਾਲਤਾਂ ਨੇ ਪਿਛਲੇ ਮਹੀਨੇ ਦੌਰਾਨ ਬਿਊਰੋ ਵੱਲੋਂ ਦਾਇਰ ਕੀਤੇ ਸੱਤ ਰਿਸ਼ਵਤਖੋਰੀ ਮਾਮਲਿਆਂ ਦਾ ਫੈਸਲਾ ਸੁਣਾਇਆ, ਜਿਸ ਵਿੱਚ 11 ਵਿਅਕਤੀਆਂ ਨੂੰ ਦੋਸ਼ੀ ਠਹਿਰਾਇਆ ਗਿਆ ਅਤੇ 4-4 ਸਾਲ ਦੀ ਕੈਦ ਸਮੇਤ 10 ਰੁਪਏ ਤੋਂ 50 ਹਜ਼ਾਰ ਰੁਪਏ ਤੱਕ ਦੇ ਜੁਰਮਾਨੇ ਕੀਤੇ ਗਏ।

---------------------------------------------------------------------

ਭਾਰਤ ਦੀ ਈਸ਼ਾ ਸਿੰਘ, ਮਨੂ ਭਾਕਰ ਅਤੇ ਰਿਦਮ ਸਾਂਗਵਾਨ ਨੇ ਅੱਜ ਨਵੀਂ ਦਿੱਲੀ ਵਿੱਚ, ਏਸ਼ੀਅਨ ਰਾਈਫਲ,ਪਿਸਟਲ ਨਿਸ਼ਾਨੇਬਾਜ਼ੀ ਚੈਂਪੀਅਨਸ਼ਿਪ ਵਿੱਚ, ਮਹਿਲਾਵਾਂ ਦੇ 25 ਮੀਟਰ ਪਿਸਟਲ ਟੀਮ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਜਿੱਤਿਆ ਏ। ਭਾਰਤੀ ਟੀਮ ਇੱਕ ਹਜ਼ਾਰ 751 ਅੰਕਾਂ ਦੇ ਸਾਂਝੇ ਸਕੋਰ ਨਾਲ ਅੰਕ ਸੂਚੀ ਵਿੱਚ ਸਿਖਰ 'ਤੇ

ਰਹੀ। ਇਸ ਦੌਰਾਨ, ਮਨੂ ਭਾਕਰ ਨੇ ਮਹਿਲਾਵਾਂ ਦੇ 25 ਮੀਟਰ ਪਿਸਟਲ ਵਿਅਕਤੀਗਤ ਮੁਕਾਬਲੇ ਵਿੱਚ, ਚਾਂਦੀ ਦਾ ਤਮਗਾ ਜਿੱਤਿਆ। ਮਨੂ ਨੂੰ ਵੀਅਤਨਾਮ ਦੀ Thuy Trang Nguyen ਤੋਂ ਹਾਰ ਦਾ ਸਾਹਮਣਾ ਕਰਨਾ ਪਿਆ। ਈਸ਼ਾ ਸਿੰਘ ਨੇ ਵੀ ਇਸੇ ਵਰਗ ਵਿੱਚ, ਕਾਂਸੀ ਦਾ ਤਮਗਾ ਹਾਸਲ ਕਰਕੇ, ਭਾਰਤ ਦੀ ਤਮਗਾ ਸੂਚੀ ਵਿੱਚ ਆਪਣਾ ਯੋਗਦਾਨ ਪਾਇਆ।

-----------------------------------------------------------------------

• ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ "ਪ੍ਰੀਕਸ਼ਾ ਪੇ ਚਰਚਾ" ਦੇ 9ਵੇਂ ਐਡੀਸ਼ਨ ਦੌਰਾਨ ਵਿਦਿਆਰਥੀਆਂ ਨਾਲ ਗੱਲਬਾਤ -ਪ੍ਰੀਖਿਆਵਾਂ ਦੌਰਾਨ ਤਣਾਅ ਅਤੇ ਚਿੰਤਾ ਨਾਲ ਨਜਿੱਠਣ ਦੇ ਤਰੀਕਿਆਂ 'ਤੇ ਕੀਤੀ ਚਰਚਾ ।

• ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸਰਹੱਦੀ ਜ਼ਿਲ੍ਹਿਆਂ 'ਚ ਨਸ਼ਿਆਂ ਵਿਰੁੱਧ ਚਾਰ ਰੋਜ਼ਾ ਪੈਦਲ ਯਾਤਰਾ ਦਾ ਤਰਨਤਾਰਨ ਤੋਂ ਕੀਤਾ ਆਗਾਜ਼-ਨਸ਼ਿਆਂ ਦੇ ਖਾਤਮੇ ਲਈ ਸਮਾਜ ਦੇ ਹਰ ਵਰਗ ਨੂੰ ਅੱਗੇ ਆਉਣ ਦਾ ਸੱਦਾ ਦਿੱਤਾ I

- ਕੈਬਿਨੇਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ -ਸੜਕੀ ਸੰਪਰਕ ਨੂੰ ਹੋਰ ਬਿਹਤਰ ਬਣਾਉਣ ਲਈ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਪੰਜ ਅਹਿਮ ਪੁਲਾਂ ਨੂੰ ਭਾਖੜਾ ਬਿਆਸ ਪ੍ਰਬੰਧਨ ਬੋਰਡ ਵੱਲੋਂ ਮਨਜ਼ੂਰੀ ਮਿਲੀ।

- ਪੰਜਾਬ ਪੁਲਿਸ ਵਲੋਂ ਅੱਜ 'ਆਪ੍ਰੇਸ਼ਨ ਪ੍ਰਹਾਰ-2' ਦੇ ਪਹਿਲੇ ਦਿਨ ਲੋੜੀਂਦੇ ਅਪਰਾਧੀਆਂ ਨਾਲ ਸਬੰਧਤ ਥਾਵਾਂ 'ਤੇ ਛਾਪੇਮਾਰੀ-1250 ਨੂੰ ਕੀਤਾ ਗ੍ਰਿਫ਼ਤਾਰ ਕੀਤਾ I ਅਤੇ

- ਭਾਰਤ ਦੀ ਈਸ਼ਾ ਸਿੰਘ, ਮਨੂ ਭਾਕਰ ਅਤੇ ਰਿਦਮ ਸਾਂਗਵਾਨ ਨੇ ਅੱਜ ਏਸ਼ੀਅਨ ਰਾਈਫਲ,ਪਿਸਟਲ ਨਿਸ਼ਾਨੇਬਾਜ਼ੀ ਚੈਂਪੀਅਨਸ਼ਿਪ ਵਿੱਚ, 25 ਮੀਟਰ ਪਿਸਟਲ ਟੀਮ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਜਿੱਤਿਆ।

**ਇਸਦੇ ਨਾਲ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**